# ਪੰਜਾਬ ਵਿਧਾਨ ਸਭਾ

-----------

## 16ਵੀਂ ਪੰਜਾਬ ਵਿਧਾਨ ਸਭਾ

## ਬਾਰ੍ਹਵਾਂ ਸਮਾਗਮ

-----------

## ਕਾਰਜ ਸੂਚੀ

01 ਮਈ 2026

11:00 ਵਜੇ ਪੂਰਵ ਦੁਪਹਿਰ

-----------

1. <u>ਅਕਾਲ ਚਲਾਣਿਆਂ ਦਾ ਵਰਣਨ</u>

(1) ਸ੍ਰੀ ਚਮਨ ਲਾਲ, ਅਜ਼ਾਦੀ ਘੁਲਾਟੀਆ ਦੇ **ਅਕਾਲ ਚਲਾਣੇ** ਦਾ ਵਰਣਨ ਕੀਤਾ ਜਾਵੇਗਾ-

2. <u>ਨਿਯਮ 16 ਅਧੀਨ ਪ੍ਰਸਤਾਵ</u>

(1) **ਇੱਕ ਮੰਤਰੀ** ਪ੍ਰਸਤਾਵ ਕਰਨਗੇ ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।

3. <u>ਮੇਜ਼ ਤੇ ਮੁੜ ਰੱਖੇ ਜਾਣ ਵਾਲੇ/ਰੱਖੇ ਜਾਣ ਵਾਲੇ ਕਾਗਜ਼ -ਪੱਤਰ</u>

(1) **ਇੱਕ ਮੰਤਰੀ ਨੋਟੀਫਿਕੇਸ਼ਨ** ਨੰ. ਜੀ.ਐਸ.ਆਰ 177/ਪੀ.ਏ.1/2020/ਐਸ.14/2025 ਮਿਤੀ 18.11.2025 ਜਿਸ ਵਿੱਚ ਪੰਜਾਬ ਰਾਈਟ ਟੂ ਬਿਜ਼ਨਸ ਰੂਲਜ਼, 2025 ਸ਼ਾਮਲ ਹੈ, ਨੂੰ ਸਦਨ ਦੀ ਮੇਜ਼ ਤੇ ਮੁੜ ਰੱਖਣਗੇ, ਜਿਵੇਂ ਕਿ ਪੰਜਾਬ ਰਾਈਟ ਟੂ ਬਿਜ਼ਨਸ ਐਕਟ, 2020 ਦੀ ਧਾਰਾ 14(2) ਅਧੀਨ ਲੋੜੀਂਦਾ ਹੈ।

(2) **ਇੱਕ ਮੰਤਰੀ** ਸਾਲ 2022-23 ਲਈ ਗਰੇਟਰ ਮੋਹਾਲੀ ਏਰੀਆ ਵਿਕਾਸ ਅਥਾਰਿਟੀ ਦੀ ਸਾਲਾਨਾ ਪ੍ਰਬੰਧਕੀ ਰਿਪੋਰਟ, ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ (ਪੀ.ਆਰ.ਟੀ.ਪੀ.ਡੀ)ਐਕਟ, 1995 ਦੀ ਧਾਰਾ 54 (2) ਅਧੀਨ ਲੋੜੀਂਦਾ ਹੈ।

(3) **ਇੱਕ ਮੰਤਰੀ** ਸਾਲ 2023-24 ਲਈ ਗਰੇਟਰ ਮੋਹਾਲੀ ਏਰੀਆ ਵਿਕਾਸ ਅਥਾਰਿਟੀ ਦੀ ਸਾਲਾਨਾ ਪ੍ਰਬੰਧਕੀ ਰਿਪੋਰਟ, ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ (ਪੀ.ਆਰ.ਟੀ.ਪੀ.ਡੀ)ਐਕਟ, 1995 ਦੀ ਧਾਰਾ 54 (2) ਅਧੀਨ ਲੋੜੀਂਦਾ ਹੈ।

(4) **ਇੱਕ ਮੰਤਰੀ** ਸਾਲ 2021-22 ਲਈ ਜਲੰਧਰ ਵਿਕਾਸ ਅਥਾਰਿਟੀ ਦੀ ਸਾਲਾਨਾ ਰਿਪੋਰਟ, ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ (ਪੀ.ਆਰ.ਟੀ.ਪੀ.ਡੀ)ਐਕਟ, 1995 ਦੀ ਧਾਰਾ 54 (2) ਅਧੀਨ ਲੋੜੀਂਦਾ ਹੈ।

(5) **ਇੱਕ ਮੰਤਰੀ** ਸਾਲ 2022-23 ਲਈ ਜਲੰਧਰ ਵਿਕਾਸ ਅਥਾਰਿਟੀ ਦੀ ਸਾਲਾਨਾ ਰਿਪੋਰਟ, ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ (ਪੀ.ਆਰ.ਟੀ.ਪੀ.ਡੀ)ਐਕਟ, 1995 ਦੀ ਧਾਰਾ 54 (2) ਅਧੀਨ ਲੋੜੀਂਦਾ ਹੈ।

(6) **ਇੱਕ ਮੰਤਰੀ** ਸਾਲ 2023-24 ਲਈ ਜਲੰਧਰ ਵਿਕਾਸ ਅਥਾਰਿਟੀ ਦੀ ਸਾਲਾਨਾ ਰਿਪੋਰਟ, ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ (ਪੀ.ਆਰ.ਟੀ.ਪੀ.ਡੀ)ਐਕਟ, 1995 ਦੀ ਧਾਰਾ 54 (2) ਅਧੀਨ ਲੋੜੀਂਦਾ ਹੈ।

(7) **ਇੱਕ ਮੰਤਰੀ** ਸਾਲ 2024-25 ਲਈ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਦੀ 15ਵੀਂ ਸਾਲਾਨਾ ਰਿਪੋਰਟ, ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਕੰਪਨੀਜ਼ ਐਕਟ, 2013 ਦੀ ਧਾਰਾ 395 ਅਧੀਨ ਲੋੜੀਂਦਾ ਹੈ।

(8) **ਇੱਕ ਮੰਤਰੀ** ਸਾਲ 2024-25 ਲਈ ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ ਦੇ ਲੇਖਿਆਂ ਅਤੇ ਆਡਿਟ ਰਿਪੋਰਟ ਦੇ ਸਾਲਾਨਾ ਵਿਵਰਣ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਬਿਜਲੀ ਰੈਗੂਲੇਟਰੀ ਕਮਿਸ਼ਨ ਐਕਟ, 1998 ਦੀ ਧਾਰਾ 34 (4) ਅਧੀਨ ਲੋੜੀਂਦਾ ਹੈ।

## 4. ਸਰਕਾਰੀ ਮਤਾ

(1) **ਕਿਰਤ ਮੰਤਰੀ** ਪ੍ਰਸਤਾਵ ਕਰਨਗੇ ਕਿ:-

ਅੱਜ 'ਕਿਰਤੀ ਦਿਵਸ' ਤੇ ਇਹ ਵਿਧਾਨ ਸਭਾ ਦਾ ਸਪੈਸ਼ਲ ਸੈਸ਼ਨ ਬੁਲਾਇਆ ਗਿਆ ਹੈ, ਤਾਂ ਜੋ ਕਿਰਤੀਆਂ ਨੂੰ ਨਮਨ ਕੀਤਾ ਜਾ ਸਕੇ । ਕਿਰਤੀ ਦੇਸ਼, ਕੌਮ, ਰਾਜ ਅਤੇ ਸਮਾਜ ਦੇ ਨਿਰਮਾਣ ਦਾ ਧੁਰਾ ਹਨ । ਉਹਨਾਂ ਦੇ ਖੂਨ-ਪਸੀਨੇ ਨਾਲ ਹੀ ਹਰ ਨਿਰਮਾਣ ਕਾਰਜ ਸਫਲ ਹੁੰਦਾ ਹੈ । 'ਮਈ ਦਿਵਸ' ਸੰਨ 1886 ਵਿੱਚ Haymarket Square, ਸ਼ਿਕਾਗੋ ਵਿੱਚ ਕੰਮ ਦੇ ਘੰਟੇ 8 ਕਰਨ ਦੇ ਇਤਿਹਾਸਕ ਅੰਦੋਲਨ ਵਿੱਚ ਸ਼ਹਾਦਤਾਂ ਦੇਣ ਵਾਲੇ ਕਿਰਤੀਆਂ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ, ਜੋ ਕਿ ਸਮਾਜਿਕ ਨਿਆਂ ਅਤੇ ਬੇਹਤਰ ਕਿਰਤ-ਸਹੂਲਤਾਂ ਦੀ ਮਹੱਤਤਾ ਨੂੰ ਦਰਸਾਉਂਦਾ ਹੈ ।

ਪੰਜਾਬ ਦੀ ਧਰਤੀ ਗੁਰੂਆਂ, ਪੀਰਾਂ, ਪੈਗੰਬਰਾ ਅਤੇ ਸੂਰਵੀਰ ਯੋਧਿਆਂ ਦੀ ਧਰਤੀ ਹੈ । ਸ਼੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਦਿੱਤੇ ਸੰਦੇਸ਼ ਵਿੱਚ ਕਿਰਤ ਦੀ ਮਹੱਤਤਾ ਨੂੰ ਦਰਸਾਉਂਦੇ ਹੋਏ "**ਕਿਰਤ ਕਰੋ ਨਾਮ ਜਪੋ ਅਤੇ ਵੰਡ ਛਕੋ**" ਦਾ ਉਪਦੇਸ਼ ਦਿੱਤਾ ਗਿਆ ਹੈ ।

ਪੰਜਾਬ ਵਿੱਚ ਕਿਰਤੀ ਵਰਗ ਦੀਆਂ ਘੱਟੋਂ-ਘੱਟ ਉਜ਼ਰਤਾਂ ਵਿੱਚ ਵਾਧਾ ਕਰਦੇ ਹੋਏ ਸਾਲ 2012 ਵਿੱਚ ਉਜ਼ਰਤਾਂ ਦੇ ਬੇਸ ਰੇਟ ਦੀ ਰਵੀਜ਼ਨ ਕੀਤੀ ਗਈ ਸੀ । ਭਾਵੇਂ ਸਾਲ 2012 ਤੋਂ ਹੁਣ ਤੱਕ ਮਹਿੰਗਾਈ ਭੱਤਾ ਵਧਦਾ ਰਿਹਾ ਹੈ, ਪਰ ਘੱਟੋਂ-ਘੱਟ ਬੇਸ ਰੇਟ ਵਿੱਚ ਵਾਧਾ ਨਹੀਂ ਹੋਇਆ ਹੈ । ਮਈ ਦਿਵਸ ਦੇ ਇਸ ਮੁਕੱਦਸ ਦਿਨ ਤੇ ਵਿਧਾਨ ਸਭਾ ਦੇ ਇਸ ਵਿਸ਼ੇਸ਼ ਸੈਸ਼ਨ ਵਿੱਚ ਇਹ ਸਦਨ ਕਿਰਤੀਆਂ ਦੀਆਂ ਘੱਟੋਂ-ਘੱਟ ਉਜ਼ਰਤਾਂ ਵਿੱਚ ਵਾਧਾ ਕਰਦੇ ਹੋਏ ਉਜ਼ਰਤਾਂ ਦੀ ਰਵੀਜ਼ਨ ਕਰਨ ਦੀ ਤਜਵੀਜ਼ ਪੇਸ਼ ਕਰਦਾ ਹੈ ਅਤੇ ਪੁਰਜ਼ੋਰ ਸਿਫਾਰਸ ਕਰਦਾ ਹੈ ਕਿ ਸਰਕਾਰ ਕਿਰਤੀਆਂ ਦੀਆਂ ਘੱਟੋਂ-ਘੱਟ ਉਜ਼ਰਤਾਂ ਵਿੱਚ ਵਾਧਾ ਕਰਨ ਬਾਰੇ ਫੈਸਲਾ ਲਵੇ, ਤਾਂ ਜੋ ਕਿਰਤੀਆਂ ਦੇ ਯੋਗਦਾਨ ਨੂੰ ਸਤਿਕਾਰਿਆ ਜਾ ਸਕੇ, ਕਿਰਤੀਆਂ ਦੀ ਸ਼ਲਾਘਾ ਕੀਤੀ ਜਾ ਸਕੇ ਅਤੇ ਕਿਰਤੀਆਂ ਦੇ ਯੋਗਦਾਨ ਲਈ ਉਹਨਾਂ ਦਾ ਧੰਨਵਾਦ ਕੀਤਾ ਜਾ ਸਕੇ ।

## 5. ਵਿਧਾਨਕ ਕੰਮ ਕਾਰ

(1) **ਇੱਕ ਮੰਤਰੀ** ਪੰਜਾਬ ਪ੍ਰੀਜ਼ਨ ਅਤੇ ਕਰੈਕਸ਼ਨਲ ਸਰਵਿਸਿਜ਼ ਬਿਲ, 2026, ਪੇਸ਼ ਕਰਨਗੇ ।

ਪ੍ਰਸਤਾਵ ਕਰਨਗੇ ਕਿ ਪੰਜਾਬ ਪ੍ਰੀਜ਼ਨ ਅਤੇ ਕਰੈਕਸ਼ਨਲ ਸਰਵਿਸਿਜ਼ ਬਿਲ, 2026, ਤੇ ਤੁਰੰਤ ਵਿਚਾਰ ਕੀਤਾ ਜਾਵੇ ।

ਇਹ ਪ੍ਰਸਤਾਵ ਵੀ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ ।

**ਪੰਜਾਬ ਵਿਧਾਨ ਸਭਾ**
**ਚੰਡੀਗੜ੍ਹ -160001**
**ਮਿਤੀ:30 ਅਪ੍ਰੈਲ 2026 ਵੀਰਵਾਰ**

**ਰਾਮ ਲੋਕ ਖਟਾਣਾ**
**ਸਕੱਤਰ**
**ਪੰਜਾਬ ਵਿਧਾਨ ਸਭਾ**